ੴ ਸਤਿਗੁਰ ਪ੍ਰਸਾਦਿ ॥ ਰਾਗੁ ਗੂਜਰੀ ਮਹਲਾ ੪ ਚਉਪਦੇ ਘਰੁ ੧ ॥ ਹਰਿ ਕੇ ਜਨ ਸਤਿਗੁਰ ਸਤ ਪੁਰਖਾ ਹਉ ਬਿਨਉ ਕਰਉ ਗੁਰ ਪਾਸਿ ॥ ਹਮ ਕੀਰੇ ਕਿਰਮ ਸਤਿਗੁਰ ਸਰਣਾਈ ਕਰਿ ਦਇਆ ਨਾਮੁ ਪਰਗਾਸਿ ॥੧॥ ਮੇਰੇ ਮੀਤ ਗੁਰਦੇਵ ਮੋ ਕਉ ਰਾਮ ਨਾਮੁ ਪਰਗਾਸਿ ॥ ਗੁਰਮਤਿ ਨਾਮੁ ਮੇਰਾ ਪ੍ਰਾਨ ਸਖਾਈ ਹਰਿ ਕੀਰਤਿ ਹਮਰੀ ਰਹਰਾਸਿ ॥੧॥ ਰਹਾਉ ॥ ਹਰਿ ਜਨ ਕੇ ਵਡਭਾਗ ਵਡੇਰੇ ਜਿਨ ਹਰਿ ਹਰਿ ਸਰਧਾ ਹਰਿ ਪਿਆਸ ॥ ਹਰਿ ਹਰਿ ਨਾਮੁ ਮਿਲੈ ਤ੍ਰਿਪਤਾਸਹਿ ਮਿਲਿ ਸੰਗਤਿ ਗੁਣ ਪਰਗਾਸਿ ॥੨॥ ਜਿਨ੍ ਹਰਿ ਹਰਿ ਹਰਿ ਰਸੁ ਨਾਮੁ ਨ ਪਾਇਆ ਤੇ ਭਾਗਹੀਣ ਜਮ ਪਾਸਿ ॥ ਜੋ ਸਤਿਗੁਰ ਸਰਣਿ ਸੰਗਤਿ ਨਹੀ ਆਏ ਧ੍ਰਿਗੁ ਜੀਵੇ ਧ੍ਰਿਗੁ ਜੀਵਾਸਿ ॥ ੩॥ ਜਿਨ ਹਰਿ ਜਨ ਸਤਿਗੁਰ ਸੰਗਤਿ ਪਾਈ ਤਿਨ ਧੁਰਿ ਮਸਤਕਿ ਲਿਖਿਆ ਲਿਖਾਸਿ ॥ ਧੰਨੁ ਧੰਨੁ ਸਤਸੰਗਤਿ ਜਿਤੁ ਹਰਿ ਰਸੁ ਪਾਇਆ ਮਿਲਿ ਨਾਨਕ ਨਾਮੁ ਪਰਗਾਸਿ ॥੪॥੧॥ {ਪੰਨਾ 493}

ਪਦਅਰਥ:- ਹਰਿ ਕੇ ਜਨ—ਹੇ ਹਰੀ ਦੇ ਸੇਵਕ! ਸਤਪੁਰਖਾ—ਹੇ ਮਹਾ ਪੁਰਖ! ਹਉ—ਮੈਂ। ਬਿਨਉ—{ivnX} ਬੇਨਤੀ। ਕਰਉ—ਕਰਉਂ, ਮੈਂ ਕਰਦਾ ਹਾਂ। ਕੀਰੇ—ਕੀੜੇ। ਕਿਰਮ—ਨਿੱਕੇ ਜਿਹੇ ਕੀੜੇ।1।

ਮੋ ਕਉ—ਮੈਨੂੰ। ਪ੍ਰਾਨ ਸਖਾਈ—ਜਿੰਦ ਦਾ ਸਾਥੀ। ਕੀਰਤਿ—ਸਿਫ਼ਤਿ-ਸਾਲਾਹ। ਰਹਰਾਸਿ—ਰਾਹ ਦੀ ਪੂੰਜੀ।1। ਰਹਾਉ।

ਜਿਨ—ਜਿਨ੍ਹਾਂ ਨੂੰ {ਬਹੁ-ਵਚਨ}। ਤ੍ਰਿਪਤਾਸਹਿ—ਰੱਜ ਜਾਂਦੇ ਹਨ {ਬਹੁ-ਵਚਨ}।2।

ਜਮ ਪਾਸਿ—ਜਮ ਦੇ ਕੋਲ, ਜਮ ਦੇ ਵੱਸ ਵਿਚ। ਧ੍ਰਿਗੁ—ਫਿਟਕਾਰ-ਜੋਗ। ਜੀਵਾਸਿ—ਅਗਾਂਹ ਦਾ ਜੀਊਣ।3।

ਧੁਰਿ—ਧੁਰ ਦਰਗਾਹ ਤੋਂ। ਮਸਤਕਿ—ਮੱਥੇ ਉਤੇ। ਲਿਖਾਸਿ—ਲੇਖ। ਜਿਤੁ—ਜਿਸ ਦੀ ਰਾਹੀਂ।4।

ਅਰਥ:- ਹੇ ਮੇਰੇ ਮਿੱਤਰ ਸਤਿਗੁਰੂ! ਮੈਨੂੰ ਪਰਮਾਤਮਾ ਦਾ ਨਾਮ (-ਰੂਪ) ਚਾਨਣ ਬਖ਼ਸ਼। (ਮੇਹਰ ਕਰ) ਗੁਰਮਤਿ ਰਾਹੀਂ ਮਿਲਿਆ ਹਰਿ-ਨਾਮ ਮੇਰੀ ਜਿੰਦ ਦਾ ਸਾਥੀ ਬਣਿਆ ਰਹੇ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਮੇਰੇ ਵਾਸਤੇ ਮੇਰੇ ਜੀਵਨ-ਰਾਹ ਦੀ ਪੂੰਜੀ ਬਣੀ ਰਹੇ।1। ਰਹਾਉ।

ਹੇ ਸਤਿਗੁਰੂ! ਹੇ ਪਰਮਾਤਮਾ ਦੇ ਭਗਤ! ਹੇ ਮਹਾ ਪੁਰਖ ਗੁਰੂ! ਮੈਂ ਤੇਰੇ ਪਾਸ ਬੇਨਤੀ ਕਰਦਾ ਹਾਂ। ਹੇ ਸਤਿਗੁਰੂ! ਮੈਂ ਇਕ ਕੀੜਾ ਹਾਂ, ਨਿੱਕਾ ਜਿਹਾ ਕੀੜਾ ਹਾਂ। ਤੇਰੀ ਸਰਨ ਆਇਆ ਹਾਂ। ਮੇਹਰ ਕਰ, ਮੈਨੂੰ ਪਰਮਾਤਮਾ ਦਾ ਨਾਮ-ਚਾਨਣ ਦੇਹ।1।

ਹੇ ਭਾਈ! ਜਿਨ੍ਹਾਂ ਹਰਿ-ਭਗਤਾਂ ਦੇ ਹਿਰਦੇ ਵਿਚ ਪਰਮਾਤਮਾ ਦੇ ਨਾਮ ਦੀ ਸਰਧਾ ਹੈ ਨਾਮ ਜਪਣ ਦੀ ਖਿੱਚ ਹੈ, ਉਹ ਵੱਡੇ ਭਾਗਾਂ ਵਾਲੇ ਹਨ। ਜਦੋਂ ਉਹਨਾਂ ਨੂੰ ਪ੍ਰਭੂ ਦਾ ਨਾਮ ਪ੍ਰਾਪਤ ਹੁੰਦਾ ਹੈ ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦੇ ਹਨ। ਸਾਧ ਸੰਗਤਿ ਵਿਚ ਮਿਲ ਕੇ ਉਹਨਾਂ ਦੇ ਅੰਦਰ ਗੁਣ ਪਰਗਟ ਹੋ ਜਾਂਦੇ ਹਨ।2।

ਪਰ ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ-ਰਸ ਹਾਸਲ ਨਹੀਂ ਕੀਤਾ, ਉਹ ਬਦ-ਕਿਸਮਤ ਹਨ, ਉਹ ਆਤਮਕ ਮੌਤ ਦੇ ਕਾਬੂ ਆਏ ਰਹਿੰਦੇ ਹਨ। ਜੇਹੜੇ ਮਨੁੱਖ ਗੁਰੂ ਦੀ ਸਰਨ ਨਹੀਂ ਆਉਂਦੇ, ਸਾਧ ਸੰਗਤਿ ਵਿਚ ਨਹੀਂ ਆਉਂਦੇ, ਉਹਨਾਂ ਦਾ ਹੁਣ ਤਕ ਦਾ ਜੀਵਨ ਤੇ ਅਗਾਂਹ ਦਾ ਜੀਵਨ ਫਿਟਕਾਰ-ਜੋਗ ਹੈ।3।

ਹੇ ਭਾਈ! ਜਿਨ੍ਹਾਂ ਹਰਿ-ਭਗਤਾਂ ਨੇ ਗੁਰੂ ਦੀ ਸੰਗਤਿ ਪ੍ਰਾਪਤ ਕਰ ਲਈ, ਉਹਨਾਂ ਦੇ ਮੱਥੇ ਉਤੇ ਧੁਰ ਦਰਗਾਹ ਤੋਂ ਲਿਖਿਆ ਲੇਖ ਉੱਘੜ ਪਿਆ। ਹੇ ਨਾਨਕ! (ਆਖ—) ਸਾਧ ਸੰਗਤਿ ਧੰਨ ਹੈ ਜਿਸ ਦੀ ਰਾਹੀਂ ਮਨੁੱਖ ਪਰਮਾਤਮਾ ਦਾ ਨਾਮ-ਰਸ ਹਾਸਲ ਕਰਦਾ ਹੈ, ਜਿਸ ਵਿਚ ਮਿਲਿਆਂ ਮਨੁੱਖ ਦੇ ਅੰਦਰ ਪਰਮਾਤਮਾ ਦਾ ਨਾਮ ਰੌਸ਼ਨ ਹੋ ਜਾਂਦਾ ਹੈ।4।1।